**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਲੱਖਾ ਸਿੰਘ (ਮੋਬ 9464205905)
ਮਕਾਨ ਨੰ 24/122 ਕ੍ਰਿਸ਼ਨ ਨਗਰ,
ਨਾਭਾ ਗੇਟ ,ਪਟਿਆਲਾ।                                        -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੱਕਤਰ, ਪ੍ਰਸੋਨਲ ਵਿਭਾਗ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੱਕਤਰ, ਪ੍ਰਸੋਨਲ ਵਿਭਾਗ, ਪੰਜਾਬ,
ਚੰਡੀਗੜ੍ਹ।                                        -------ਉੱਤਰਦਾਤਾ

**ਅਪੀਲ ਕੇਸ ਨੰ: 902/2019**

ਹਾਜ਼ਰ:-

1) ਸ਼੍ਰੀ ਲੱਖਾ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ (99146-22278), ਪ੍ਰਸੋਨਲ ਵਿਭਾਗ (ਆਈ.ਏ.ਐਸ.ਸ਼ਾਖਾ), ਪੰਜਾਬ।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-06-2014, ਲੋਕ ਸੂਚਨਾ ਅਧਿਕਾਰੀ ਦਫਤਰ ਸੱਕਤਰ, ਪ੍ਰਸੋਨਲ ਵਿਭਾਗ, ਪੰਜਾਬ,ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਹਰਕੇਸ਼ ਸਿੰਘ ਸਿੱਧੂ, ਦੀ ਬਤੌਰ ਵਿਸ਼ੇਸ਼ ਸਕੱਤਰ, ਕਿਰਤ ਵਿਭਾਗ, ਪੰਜਾਬ ਦੀ ਮਿਤੀ 18-01-2014 ਤੋਂ 20-06-2014 ਤੱਕ ਤੈਨਾਤੀ ਦੇ ਸਮੇਂ ਕੀਤੀ ਗਈ ਸ਼ਿਕਾਇਤ, ਮਿਤੀ 18-01-2014 ਦੀ ਸਟੇਟਸ ਰਿਪੋਰਟ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ-ਕਮ-ਸਹਾਇਕ ਲੋਕ ਸੂਚਨਾ ਅਧਿਕਾਰੀ ਨੇ ਪੱਤਰ ਨੰ:ਪੀ.ਆਰ.ਐਸ./ਆਈ.ਏ.ਐਸ. ਸ.1/2014/ਈ-8/1403, ਮਿਤੀ 26-04-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਵਿਸਥਾਰ-ਪੂਰਵਕ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਕਮਿਸ਼ਨ ਵਿਖੇ ਪੇਸ਼ ਕੀਤੀ ਗਈ ਸੂਚਨਾ ਦੀ ਇੱਕ ਕਾਪੀ ਅਪੀਲਕਰਤਾ ਨੂੰ ਮੌਕੇ ਤੇ ਦਸਤੀ ਵੀ ਮੁਹੱਈਆ ਕਰ ਦਿੱਤੀ ਗਈ ਹੈ ਜਿਸ ਤੇ ਅਪੀਲਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.**                    **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਭੰਡਾਰੀ, (ਮੋਬ 98141-20294)
ਐਸ 14 ਸੁੱਖਦਾ ਇੰਨਕਲੇਵ,
ਸਾਹਮਣੇ ਮਿਲਟਰੀ ਹਸਪਤਾਲ,
ਹਰਦੋਚੰਨੀ ਰੋਡ,
ਗੁਰਦਾਸਪੁਰ-143521 --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਇੰਸਪੈਕਟਰ ਜਨਰਲ ਆਫ਼ ਪੁਲਿਸ,
ਬਾਰਡਰ ਜੋਨ੍ਹ, ਅੰਮ੍ਰਿਤਸਰ। ---------ਉੱਤਰਦਾਤਾ

**ਅਪੀਲ ਕੇਸ ਨੰ: 905/2019**

**ਹਾਜ਼ਰ:-**

1) ਸ਼੍ਰੀ ਯੋਗੇਸ਼ ਭੰਡਾਰੀ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਰਪਾਲ ਸਿੰਘ, ਏ.ਐਸ. ਆਈ. (97800-16624)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ,ਅੰਮ੍ਰਿਤਸਰ, ਦਿਹਾਤੀ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇਂ ਐਫ.ਆਈ.ਆਰ. ਨੰ:177/16, ਮਿਤੀ 05-11-2016 ਸਿਟੀ ਗੁਰਦਾਸਪੁਰ ਬਾਰੇ ਸ਼੍ਰੀ ਮਹਿਤਾਬ ਸਿੰਘ ਗਿੱਲ, ਚੇਅਰਮੈਨ, ਇੰਨਕੁਆਰੀ ਕਮਿਸ਼ਨ, ਮੁਹਾਲੀ ਵੱਲੋਂ ਮਾਰਕ ਕੀਤੀ ਗਈ ਸ਼੍ਰੀ ਰਾਜਬੀਰ ਸਿੰਘ, ਇੰਸਪੈਕਟਰ ਦੀ ਵਿਭਾਗੀ ਪੜਤਾਲ ਰਿਪੋਰਟ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਹਰਪਾਲ ਸਿੰਘ, ਏ.ਐਸ.ਆਈ. ਨੇ ਕਿਹਾ ਹੈ ਕਿ ਉਨਾਂ ਵੱਲੋਂ ਆਪਣੇ ਪੱਤਰ ਨੰ:63060/ਆਰ.ਟੀ.ਆਈ., ਮਿਤੀ 27-12-2019 ਰਾਹੀਂ

ਚਲਦਾ-----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ: 905/2019**

ਅਪੀਲਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ. ਤੀਜੀ ਧਿਰ, ਇੰਸਪੈਕਟਰ ਰਾਜਬੀਰ ਸਿੰਘ ਨਾਲ ਸਬੰਧਤ ਹੋਣ ਕਾਰਨ ਦਿੱਤੀ ਨਹੀਂ ਜਾ ਸਕਦੀ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੇ ਗਏ ਜਵਾਬ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਹ ਜਵਾਬ ਗਲਤ ਹੈ। ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਰਾਹੀਂ ਜਿਹੜੀ ਵਿਭਾਗੀ ਪੜਤਾਲ ਰਿਪੋਰਟ ਬਾਰੇ ਸੂਚਨਾ ਮੰਗੀ ਗਈ ਹੈ ਉਸ ਪੜਤਾਲ ਵਿੱਚ ਅਪੀਲਕਰਤਾ ਖੁਦ ਵੀ ਸ਼ਾਮਿਲ ਹੈ ਜਿਸ ਕਰਕੇ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਤੀਜੀ ਧਿਰ ਨਾਲ ਸਬੰਧਤ ਸੂਚਨਾ ਨਹੀਂ ਬਣਦੀ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਮੁਤਾਬਿਕ ਸਵੈ-ਸਪੱਸ਼ਟ, ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਾਧੂ ਸਿੰਘ, (ਮੋਬ: 98143-55049)
ਪੁੱਤਰ ਸ਼੍ਰੀ ਸੱਜਣ ਸਿੰਘ,
ਪਿੰਡ ਰੁੜਕਾ, ਡਾਕਖਾਨਾ ਡੇਹਲੋਂ,
ਜ਼ਿਲ੍ਹਾ ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ,
ਜ਼ਿਲ੍ਹਾ ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 911/2019**

ਹਾਜ਼ਰ:-

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਿੰਦਰ ਸਿੰਘ, ਰੀਡਰ (98880-99711)।

ਹੁਕਮ:

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 15-10-2018, ਲੋਕ ਸੂਚਨਾ ਅਧਿਕਾਰੀ ਦਫਤਰ ਨਾਇਬ ਤਹਿਸੀਲਦਾਰ, ਡੇਹਲੋਂ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰੀ ਕਰਨ ਤੋਂ 2 ਸਾਲ, 4 ਮਹੀਨੇ ਬਾਅਦ ਦਰਜ ਕੀਤੇ ਗਏ ਇੰਤਕਾਲ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਸਿੰਘ, ਰੀਡਰ ਨੇ ਕਿਹਾ ਕਿ ਅਪੀਲਕਰਤਾ ਦੀ ਅਜਿਹੀ ਹੀ ਆਰ.ਟੀ.ਆਈ. ਮਾਣਯੋਗ ਮੁੱਖ ਸੂਚਨਾ ਕਮਿਸ਼ਨ,ਪੰਜਾਬ ਜੀ ਵੱਲੋਂ ਹੀ ਡਿਸਪੋਜ਼ ਆਫ ਕੀਤੀ ਜਾ ਚੁੱਕੀ ਹੈ ਪਰੰਤੂ ਉਹ ਮਾਣਯੋਗ ਮੁੱਖ ਸੂਚਨਾ ਕਮਿਸ਼ਨ, ਪੰਜਾਬ ਜੀ ਵੱਲੋਂ ਪਹਿਲਾਂ ਪਾਸ ਕੀਤੇ ਗਏ ਹੁਕਮਾਂ ਦੀ ਕਾਪੀ ਪੇਸ਼ ਨਹੀਂ ਕਰ ਸਕਿਆ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਹਥਲੇ ਕੇਸ ਨਾਲ ਬਿਲਕੁੱਲ ਮਿਲਦੀ-ਜੁਲਦੀ ਆਰ.ਟੀ.ਆਈ. ਦਾ ਪਹਿਲਾਂ ਫੈਸਲਾ ਹੋ ਚੁੱਕਾ ਹੈ ਤਾਂ ਉਸ ਬਾਰੇ ਵਿਸਥਾਰ-ਪੂਰਵਕ ਜਵਾਬ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸਚਿਤ ਕੀਤਾ ਜਾਵੇ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। --------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਤਹਿਸੀਲਦਾਰ-ਕਮ-
ਸਬ ਰਜਿਸਟਰਾਰ (ਪੱਛਮੀ)
ਦਫ਼ਤਰ ਡਿਪਟੀ ਕਮਿਸ਼ਨਰ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਅਫਸਰ (ਪੱਛਮੀ),
ਲੁਧਿਆਣਾ। --------ਉੱਤਰਦਾਤਾ

**ਅਪੀਲ ਕੇਸ ਨੰ: 916/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-11-2018, ਲੋਕ ਸੂਚਨਾ ਅਧਿਕਾਰੀ ਤਹਿਸੀਲਦਾਰ-ਕਮ-ਸਬ ਰਜਿਸਟਰਾਰ (ਪੱਛਮੀ) ਦਫ਼ਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਟਵਾਰ ਖਾਨਾ, ਪਿੰਡ ਸੁਨੇਤ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 29-04-2019 ਰਾਹੀਂ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ ਵੱਲੋਂ ਈ.ਮੇਲ, ਮਿਤੀ 29-04-2019 ਨਾਲ ਭੇਜੇ ਗਏ ਪੱਤਰ ਨੰ:55/ਆਰ.ਟੀ.ਆਈ., ਮਿਤੀ 26-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਨ੍ਹਾਂ ਨੇ ਇਕ ਕੋਰਟ ਕੇਸ ਦੇ ਸਬੰਧ ਵਿੱਚ ਅੱਜ ਮਾਣਯੋਗ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿਖੇ ਹਾਜ਼ਰ ਹੋਣਾ ਹੈ। ਇਸ ਕਰਕੇ ਉਨ੍ਹਾਂ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਮੋਹਣ ਸਿੰਘ ਮੱਕੜ,
ਮਕਾਨ ਨੰ: 334,
ਜੀ.ਟੀ. ਰੋਡ ਸਲੇਮ ਟਾਬਰੀ,
ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:918/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 04-12-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ ਮੈਜਿਸਟਰੇਟ (ਪੱਛਮੀ), ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਟਵਾਰ ਖਾਨਾ, ਸਲੇਮ ਟਾਬਰੀ, ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-01-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਈ.ਮੇਲ, ਮਿਤੀ 29-04-2019 ਰਾਹੀਂ ਕੇਸ ਦੀ ਸੁਣਵਾਈ ਵੀਡਿਓ ਕਾਨਫਰੰਸ ਰਾਹੀਂ ਕਰਨ ਲਈ ਕਮਿਸ਼ਨ ਨੂੰ ਬੇਨਤੀ ਕੀਤੀ ਗਈ ਹੈ। ਉੱਤਰਦਾਤਾ ਵੱਲੋਂ. ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸੁਰਿੰਦਰ ਕੁਮਾਰ, (ਮੋਬ 9780674488)
ਮਕਾਨ ਨੰ:1869/92, ਕਿਲ੍ਹਾ ਮੁੱਹਲਾ,
ਦਰੇਸ਼ੀ ਰੋਡ, ਲੁਧਿਆਣਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ,
ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:933/2019**

**ਹਾਜ਼ਰ:-**

1) ਸ਼੍ਰੀ ਸੁਰਿੰਦਰ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪਵਨਦੀਪ ਸਿੰਘ, ਸਬ ਇੰਸਪੈਕਟਰ, ਦਫਤਰ ਕਮਿਸ਼ਨਰੇਟ, ਪੁਲਿਸ (ਸੀ.ਪੀ.), ਲੁਧਿਆਣਾ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-07-2018, ਲੋਕ ਸੂਚਨਾ ਅਧਿਕਾਰੀ ਦਫ਼ਤਰ ਡਾਇਰੈਕਟਰ ਜਨਰਲ, ਪੁਲਿਸ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਰਜਿਸਟਰਡ ਡਾਕ ਨੰ:ਈ.ਪੀ.516423840 ਆਈ.ਐਨ. ਮਿਤੀ 21-06-2018 ਰਾਹੀਂ ਗੁਰਮੀਤ ਪੁੱਤਰ ਪੂਰਨ ਚੰਦ ਵਾਸੀ ਮਕਾਨ ਨੰ:1869/73, ਕਿਲ੍ਹਾ ਮੁਹੱਲਾ, ਦਰੇਸੀ ਰੋਡ, ਲੁਧਿਆਣਾ ਵਿਰੁੱਧ ਦਿੱਤੀ ਗਈ ਦਰਖਾਸਤ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 06-03-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 28-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 29-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪਵਨਦੀਪ ਸਿੰਘ, ਸਬ ਇੰਸਪੈਕਟਰ, ਦਫਤਰ ਕਮਿਸ਼ਨਰੇਟ, ਪੁਲਿਸ (ਸੀ.ਪੀ.), ਲੁਧਿਆਣਾ ਨੇ ਪੱਤਰ ਨੰ:ਏ.ਸੀ.-933/ਆਰ.ਟੀ.ਆਈ., ਮਿਤੀ 27-04-2019 ਪੇਸ਼ ਕੀਤਾ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕਿਹਾ ਗਿਆ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**933/2019

ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 26-07-2018 ਉਨ੍ਹਾਂ ਨੂੰ ਸਹਾਇਕ ਇੰਸਪੈਕਟਰ ਜਨਰਲ, ਪੁਲਿਸ-ਕਮ-ਲੋਕ ਸੂਚਨਾ ਅਫਸਰ, ਬਿਊਰੋ ਆਫ਼ ਇੰਨਵੈਸਗੇਸ਼ਨ, ਪੰਜਾਬ, ਚੰਡੀਗੜ੍ਹ ਕੋਲੋਂ ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਤਬਦੀਲੀ ਰਾਹੀਂ ਪ੍ਰਾਪਤ ਹੋਈ ਹੈ। ਉਸ ਨੇ ਇਹ ਵੀ ਕਿਹਾ ਕਿ ਅਪੀਲਕਰਤਾ ਜਿਹੜੀ ਦਰਖਾਸਤ ਬਾਰੇ ਸੂਚਨਾ ਮੰਗ ਰਿਹਾ ਹੈ ਉਹ ਦਰਖਾਸਤ ਅਜੇ ਏ.ਸੀ.ਪੀ. ਨਾਰਥ, ਲੁਧਿਆਣਾ ਪਾਸ ਪੜਤਾਲ ਅਧੀਨ ਹੈ ਜਿਸ ਕਰਕੇ ਅਪੀਲਕਰਤਾ ਨੂੰ ਅਜੇ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਅਪੀਲਕਰਤਾ ਨੇ ਕਿਹਾ ਕਿ ਦਰਖਾਸਤ ਦੀ ਪੜਤਾਲ ਮੁਕੰਮਲ ਹੋ ਚੁੱਕੀ ਹੈ ਪਰੰਤੂ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਰਹੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਸਬੰਧੀ ਵਿਸਥਾਰ-ਪੂਰਵਕ, ਮਿਤੀ-ਵਾਰ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਸੱਤਿਆ ਪਾਲ ਬਾਂਸਲ, (78889-27021)
#347, ਸੈਕਟਰ 30-ਏ,
ਚੰਡੀਗੜ-160030।                                    ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ, ਸਿੱਖਿਆ ਭਵਨ,
ਮੁਹਾਲੀ।

ਡਾਕਟਰ ਲਖਵਿੰਦਰ ਸਿੰਘ,
ਡਿਪਟੀ ਡਾਇਰੈਕਟਰ-ਕਮ-
ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),ਪੰਜਾਬ,
ਸਿੱਖਿਆ ਭਵਨ, ਮੁਹਾਲੀ।                                    ........ ਉੱਤਰਦਾਤਾ

**ਅਪੀਲ ਕੇਸ ਨੰ:3306 ਆਫ਼ 2018**

**ਹਾਜ਼ਰ:-**
1) ਸ੍ਰੀ ਸੱਤਿਆ ਪਾਲ ਬਾਂਸਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ (98720-89729)।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਪੁਰੀ, ਸੀਨੀਅਰ ਸਹਾਇਕ ਨੇ ਪੱਤਰ ਨੰ:16/05-2018 ਗ੍ਰਾਂਟ-2(5), ਮਿਤੀ 15-04-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਪੇਸ਼ ਕੀਤਾ ਹੈ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਵਿਸਥਾਰ-ਪੂਰਵਕ ਵੇਰਵਾ ਦਿੰਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜਣ ਵਾਲੇ ਕਵਰਿੰਗ ਪੱਤਰ ਦੀ ਕਾਪੀ ਅਪੀਲਕਰਤਾ ਨੂੰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3306 ਆਫ਼ 2018**

ਪੇਸ਼ੀ ਦੌਰਾਨ ਦਸਤੀ ਮੁਹੱਈਆ ਕਰ ਦਿੱਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਗਹੁ ਨਾਲ ਵਾਚਣ ਉਪਰੰਤ ਇਹ ਪਾਇਆ ਗਿਆ ਹੈ ਕਿ ਇਹ ਸੂਚਨਾ ਅਪੀਲਕਰਤਾ ਦੀ ਆਰ.ਟੀ.ਆਈ. ਰਾਹੀਂ ਮੰਗੀ ਗਈ ਸੂਚਨਾ ਦੇ ਅਨੁਕੂਲ ਨਹੀਂ ਹੈ। ਅਪੀਲਕਰਤਾ ਵੱਲੋਂ ਆਪਣੀ ਆਰ.ਟੀ.ਆਈ. ਰਾਹੀਂ ਉੱਤਰਦਾਤਾ ਦੇ ਪੱਤਰ ਨੰ:1/26/2007 (ਪੈਨਸ਼ਨ ਸੈੱਲ), ਮਿਤੀ 02-01-2008 ਨਾਲ ਸਬੰਧਤ ਉਨ੍ਹਾਂ ਸਰਟੀਫਿਕੇਟਾਂ ਬਾਰੇ ਸੂਚਨਾ ਮੰਗੀ ਗਈ ਹੈ ਜਿਹੜੇ ਕਿ ਕਾਲਿਜ ਗਰਾਂਟ ਪ੍ਰਾਪਤ ਕਰਨ ਤੋਂ ਪਹਿਲਾਂ ਪੇਸ਼ ਕਰਨੇ ਜ਼ਰੂਰੀ ਹੁੰਦੇ ਅਤੇ ਜਿਨ੍ਹਾਂ ਸਰਟੀਫਿਕੇਟ ਰਾਹੀਂ ਇਹ ਤਸਦੀਕ ਕੀਤਾ ਜਾਣਾ ਹੰਦਾ ਹੈ ਕਿ ਸਾਰੇ ਸੇਵਾ ਨਿਵਿਰਤ ਕਰਮਚਾਰੀਆਂ ਦੇ ਪੈਨਸ਼ਨਰੀ ਲਾਭਾਂ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ। ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਉਨ੍ਹਾਂ 'ਵਰਤੋਂ ਸਰਟੀਫਿਕੇਟਾਂ' (Utilization Certificates) ਬਾਰੇ ਸੂਚਨਾ ਭੇਜੀ ਗਈ ਹੈ ਜਿਹੜੇ ਕਿ ਕਾਲਿਜ ਵੱਲੋਂ ਪ੍ਰਾਪਤ ਕੀਤੀ ਗਰਾਂਟ ਨੂੰ ਵਰਤਣ ਤੋਂ ਬਾਅਦ ਅਗਲੀ ਗਰਾਂਟ ਪ੍ਰਾਪਤ ਕਰਨ ਲਈ ਪੇਸ਼ ਕਰਨੇ ਲਾਜ਼ਮੀ ਹੁੰਦੇ ਹਨ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਾਰੇ ਐਨੋਟੇਟਿਡ ਫਾਰਮ (Annotated Form) ਵਿੱਚ ਨੁਕਤਾ-ਵਾਰ ਸਪੱਸ਼ਟੀਕਰਣ, ਸਮੇਤ ਪੱਤਰ ਨੰ:1/26/2007 (ਪੈਨਸ਼ਨ ਸੈੱਲ), ਮਿਤੀ 02-01-2008 ਦੀ ਕਾਪੀ, ਕਮਿਸ਼ਨ ਦੇ ਹੁਕਮ ਪ੍ਰਾਪਤ ਹੋਣ ਦੀ ਮਿਤੀ ਤੋਂ 10 ਦਿਨ੍ਹਾਂ ਦੇ ਅੰਦਰ-ਅੰਦਰ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 12-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ ਬਾਵਾ (ਮੋਬ 97816-00911)
ਪੁੱਤਰ ਸ਼੍ਰੀ ਗਰਲਾਭ ਸਿੰਘ,
ਮਕਾਨ ਨੰ:226 ਵਾਰਡ ਨੰ: 6 ਪ੍ਰੀਤ ਨਗਰ,
ਸਰਹੰਦ, ਜ਼ਿਲ੍ਹਾ ਫਤਿਹਗੜ੍ਹ ਸਾਹਿਬ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ,
ਫਤਿਹਗੜ੍ਹ ਸਾਹਿਬ। ------ਉੱਤਰਦਾਤਾ

**ਅਪੀਲ ਕੇਸ ਨੰ:181 /2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ ਬਾਵਾ ਅਪੀਲਕਰਤਾ।
2) ਉੱਤਰਦਾਤਾ, ਸ਼੍ਰੀ ਰਾਹੁਲ ਧਵਨ, ਸਹਾਇਕ ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ (98766-87702)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 21-07-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਆਪਣੀਆਂ ਸਾਲਾਨਾ ਗੁਪਤ ਰਿਪੋਰਟਾਂ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 02-01-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 24-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 25-02-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਨਾ ਹੀ ਅਜੇ ਤੱਕ ਲੋਕ ਸੂਚਨਾ ਅਧਿਕਾਰੀ ਵੱਲੋਂ ਕਮਿਸ਼ਨ ਦੇ ਹਕਮ, ਮਿਤੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



01-04-2019 ਅਨੁਸਾਰ ਉਸ ਨੂੰ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਅਦਾਇਗੀ ਹੀ ਕੀਤੀ ਗਈ ਹੈ।

3. ਉੱਤਰਦਾਤਾ, ਸ਼੍ਰੀ ਰਾਹੁਲ ਧਵਨ, ਸਹਾਇਕ ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੇ ਆਪਣੇ ਪੱਤਰ ਨੰ:226/ਆਰ.ਟੀ.ਆਈ., ਮਿਤੀ 26-04-2019 ਰਾਹੀਂ ਲਿਖਤੀ ਰੂਪ ਵਿੱਚ ਜਵਾਬ ਪੇਸ਼ ਕੀਤਾ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ। ਹਾਜ਼ਰ ਉੱਤਰਦਾਤਾ ਵੱਲੋਂ ਆਪਣੇ ਜਵਾਬ ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਪੱਤਰ ਨੰ:217/ਆਰ.ਟੀ.ਆਈ., ਮਿਤੀ 06-12-2018 ਰਾਹੀਂ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਕਮਿਸ਼ਨ ਨੂੰ ਇਹ ਵੀ ਬੇਨਤੀ ਕੀਤੀ ਗਈ ਕਿ ਆਪਣੇ ਹੁਕਮ ਮਿਤੀ 01-04-2019 ਰਾਹੀਂ ਪਾਏ ਗਏ ਮੁਆਵਜ਼ੇ ਦੀ ਅਦਾਇਗੀ ਸਬੰਧੀ ਮਾਫੀ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਦੀ ਬੇਨਤੀ ਰੱਦ ਕਰਦੇ ਹੋਏ ਅਪੀਲਕਰਤਾ ਨੂੰ ਕਮਿਸ਼ਨ ਦੇ ਹਕਮ, ਮਿਤੀ 01-04-2019 ਅਨੁਸਾਰ ਮੁਆਵਜ਼ੇ ਵਜੋਂ 2000/-ਰੁਪਏ ਦੀ ਅਦਾਇਗੀ ਲਈ ਹਦਾਇਤ ਕੀਤੀ ਗਈ ਜਿਸ ਤੇ ਹਾਜ਼ਰ ਉੱਤਰਦਾਤਾ, ਵਲੋਂ ਅਪੀਲਕਰਤਾ ਨੂੰ ਮੁਆਵਜ਼ੇ ਵਜੋਂ 2000/-ਰੁਪਏ ਦੀ ਅਦਾਇਗੀ ਪੇਸ਼ੀ ਦੌਰਾਨ ਹੀ ਨਕਦ ਕਰ ਦਿੱਤੀ ਗਈ ਹੈ। ਇਸ ਲਈ ਰਜਿਸਟਰਾਰ, ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫਤਿਹਗੜ੍ਹ ਸਾਹਿਬ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਆਪਣੇ ਯੂਨੀਵਰਸਿਟੀ ਫੰਡ ਵਿੱਚੋਂ ਮੁਆਵਜ਼ੇ ਵਜੋਂ 2000/-ਰੁਪਏ (ਕੇਵਲ ਦੋ ਹਜ਼ਾਰ ਰੁਪਏ) ਦੀ ਰਾਸ਼ੀ ਦੀ ਹੁਣ ਸ਼੍ਰੀ ਰਾਹੁਲ ਧਵਨ, ਸਹਾਇਕ ਰਜਿਸਟਰਾਰ-ਕਮ-ਲੋਕ ਸੂਚਨਾ ਅਧਿਕਾਰੀ ਨੂੰ ਬੈਂਕ ਡਰਾਫ਼ਟ ਰਾਹੀਂ ਅਦਾਇਗੀ ਕਰ ਦਿੱਤੀ ਜਾਵੇ।

4. ਅਪੀਲਕਰਤਾ ਨੂੰ ਮੁਆਵਜ਼ੇ ਦੀ ਅਦਾਇਗੀ ਹੋ ਚੁੱਕੀ ਹੈ ਅਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ, ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗਗਨਦੀਪ ਸਿੰਘ ਜੰਜੂਆ, (ਮੋਬ 97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,
ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ:563/2019**

**ਹਾਜ਼ਰ:-**

1) ਸ਼੍ਰੀ ਗਗਨਦੀਪ ਸਿੰਘ ਜੰਜੂਆ,ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜਿੰਦਰ ਕੁਮਾਰ, ਨਾਇਬ ਸਦਰ ਕਾਨੂੰਗੋ-2(94639-43790) ਅਤੇ ਸ਼੍ਰੀ ਵਿਵੇਕ ਸਿੰਘ, ਕਲਰਕ ।

**ਹੁਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਰਾਜਿੰਦਰ ਕੁਮਾਰ, ਨਾਇਬ ਸਦਰ ਕਾਨੂੰਗੋ-2 ਨੇ ਪੱਤਰ ਨੰ:1308/ਐਸ.ਕੇ./ਐਨ.ਐਸ.ਕੇ-।।, ਮਿਤੀ 26-04-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:3628/ਐਸ.ਕੇ./ਐਨ.ਐਸ.ਕੇ-।।, ਮਿਤੀ 04-12-2018 ਰਾਹੀਂ ਪਹਿਲਾਂ ਹੀ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਆਪਣੇ ਪੱਤਰ, ਮਿਤੀ 04-12-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਵਿੱਚ ਲੜੀ ਨੰ:1 ਤੋਂ ਲੈ ਕੇ 4 ਤੱਕ ਪ੍ਰਸ਼ਨ ਹੀ ਕੀਤੇ ਗਏ ਹਨ ਅਤੇ ਆਰ.ਟੀ.ਆਈ. ਐਕਟ ਅਧੀਨ ਕਿਸੇ ਵੀ ਪ੍ਰਸ਼ਨ ਦਾ ਉੱਤਰ ਨਹੀਂ ਦਿੱਤਾ ਜਾਣਾ ਬਣਦਾ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ.,ਮਿਤੀ 27-09-2018 ਦਾ ਜਵਾਬ ਮਿਤੀ 04-12-2018 ਨੂੰ ਭੇਜਿਆ ਗਿਆ ਹੈ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਅਨੁਸਾਰ ਅਪੀਲਕਰਤਾ ਨੂੰ ਸੂਚਨਾ 30 ਦਿਨਾਂ ਦੇ ਅੰਦਰ-ਅੰਦਰ ਦੇਣੀ ਬਣਦੀ ਸੀ। ਉੱਤਰਦਾਤਾ ਵੱਲੋਂ ਜਿਹੜਾ ਜਵਾਬ ਅਪੀਲਕਰਤਾ ਨੂੰ ਭੇਜਿਆ ਗਿਆ ਹੈ, ਉਹ ਵੀ ਗਲਤ ਹੈ ਕਿਉਂ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਪ੍ਰਸ਼ਨਵਾਚਕ ਨਹੀਂ ਬਣਦੀ।ਇਸ ਬਾਰੇ ਹਾਜ਼ਰ ਉੱਤਰਦਾਤਾਵਾਂ, ਸ਼੍ਰੀ ਰਾਜਿੰਦਰ ਕੁਮਾਰ, ਨਾਇਬ ਸਦਰ ਕਾਨੂੰਗੋ-2 ਅਤੇ ਸ਼੍ਰੀ ਵਿਵੇਕ ਸਿੰਘ, ਕਲਰਕ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਨੁਕਤਾ-ਵਾਰ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-06-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 29 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**